# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 pm**

**ਮਿਤੀ: 30-05-2025**

ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕਿਹਾ ਏ ਕਿ ਭਾਰਤ ਪੰਜ ਤਰ੍ਹਾਂ ਦੇ ਰਾਡਾਰ ਤੋਂ ਬਚਣ ਵਾਲੇ ਪੰਜਵੀਂ ਪੀੜ੍ਹੀ ਦੇ ਲੜਾਕੂ ਜਹਾਜ਼ ਵਿਕਸਤ ਕਰਨਾ ਚਾਹੁੰਦਾ ਏ। ਕੱਲ੍ਹ ਨਵੀਂ ਦਿੱਲੀ ਵਿੱਚ ਭਾਰਤੀ ਉਦਯੋਗ ਸੰਘ ਦੀ ਕਾਨਫਰੰਸ ਵਿੱਚ ਬੋਲਦਿਆਂ, ਉਨ੍ਹਾਂ ਕਿਹਾ ਕਿ ਭਾਰਤ ਵਿੱਚ ਬਣੇ ਉਤਪਾਦਾਂ ਨੂੰ ਉਤਸ਼ਾਹਿਤ ਕਰਨਾ ਇੱਕ ਰਾਸ਼ਟਰੀ ਸੁਰੱਖਿਆ ਤਰਜੀਹ ਏ ਅਤੇ ਇਸਨੇ ਆਪ੍ਰੇਸ਼ਨ ਸਿੰਦੂਰ ਦੌਰਾਨ ਕਾਰਵਾਈ ਵਿੱਚ ਵੀ ਮਹੱਤਵਪੂਰਨ ਭੂਮਿਕਾ ਨਿਭਾਈ ਏ। ਰਾਜਨਾਥ ਸਿੰਘ ਨੇ ਕਿਹਾ ਕਿ ਪਹਿਲੀ ਵਾਰ, ਨਿੱਜੀ ਖੇਤਰ ਦੀਆਂ ਕੰਪਨੀਆਂ ਵੀ ਲੜਾਕੂ ਜਹਾਜ਼ਾਂ ਦੇ ਪ੍ਰੋਟੋ-ਟਾਈਪਾਂ ਦੇ ਵਿਕਾਸ ਵਿੱਚ ਸ਼ਾਮਲ ਹੋਣਗੀਆਂ। ਰਾਡਾਰ ਤੋਂ ਬਚਣ ਵਾਲੇ ਲੜਾਕੂ ਜਹਾਜ਼ ਦਾ ਨਿਰਮਾਣ ਹਿੰਦੁਸਤਾਨ ਏਅਰੋਨਾਟਿਕਸ ਲਿਮਟਿਡ ਦੁਆਰਾ ਨਿੱਜੀ ਖੇਤਰ ਦੇ ਸਹਿਯੋਗ ਨਾਲ ਕੀਤਾ ਜਾਵੇਗਾ।

---

ਮੁਕਤਸਰ ਜ਼ਿਲੇ ਦੇ ਪਿੰਡ ਸਿੰਘੇਵਾਲਾ ਵਿੱਚ ਬੀਤੀ ਰਾਤ ਇੱਕ ਪਟਾਕਿਆਂ ਦੀ ਫੈਕਟਰੀ ਵਿੱਚ ਧਮਾਕਾ ਹੋਣ ਕਾਰਨ 5 ਵਿਅਕਤੀਆਂ ਦੀ ਮੌਤ ਹੋ ਗਈ ਜਦਕਿ 34 ਲੋਕ ਜ਼ਖਮੀ ਹੋਏ ਨੇ। SSP ਅਖਿਲ ਚੌਧਰੀ ਨੇ ਵੇਰਵੇ ਸਾਂਝੇ ਕਰਦਿਆਂ ਦਸਿਆ।

**BYTE:**

ਓਧਰ ਡਿਪਟੀ ਕਮਿਸ਼ਨਰ ਅਭੀਜੀਤ ਕਪਲੀਸ਼ ਨੇ ਦੱਸਿਆ ਏ ਕਿ ਪਿੰਡ ਸਿੰਘੇਵਾਲਾ ਵਿੱਚ ਇਸ ਫੈਕਟਰੀ ਨੂੰ ਪ੍ਰਸ਼ਾਸਨ ਵੱਲੋਂ ਕੋਈ ਪ੍ਰਵਾਨਗੀ ਜਾਰੀ ਨਹੀਂ ਕੀਤੀ ਗਈ ਸੀ।

ਉਨਾਂ ਕਿਹਾ ਕਿ ਪ੍ਰਸ਼ਾਸਨ ਦੀ ਤਰਜੀਹ ਜਖਮੀਆਂ ਦੀ ਸੰਭਾਲ ਅਤੇ ਉਨਾਂ ਨੂੰ ਬਿਹਤਰ ਇਲਾਜ ਮੁਹਈਆ ਕਰਵਾਉਣਾ ਏ। ਉਨ੍ਹਾਂ ਕਿਹਾ ਕਿ ਮੁਲਜ਼ਮਾਂ ਖਿਲਾਫ ਕਾਨੂੰਨ ਮੁਤਾਬਿਕ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇਗੀ। ਹੋਰ ਵਰਵੇਆਂ ਦੀ ਉਡੀਕ ਕੀਤੀ ਜਾ ਰਹੀ ਏ।

---

ਪੰਜਾਬ ਕੱਲ੍ਹ 31 ਮਈ ਨੂੰ "ਆਪ੍ਰੇਸ਼ਨ ਸ਼ੀਲਡ" ਤਹਿਤ ਮੌਕ ਡਰਿੱਲ

ਕਰੇਗਾ । ਹੋਮ ਗਾਰਡਜ਼ ਦੇ ਵਿਸ਼ੇਸ਼ DGP ਸੰਜੀਵ ਕਾਲੜਾ, ਜੋ ਸਿਵਲ ਡਿਫੈਂਸ ਦੇ ਡਾਇਰੈਕਟਰ ਵੀ ਹਨ,ਨੇ ਇਸ ਸਬੰਧ ਵਿੱਚ ਹੁਕਮ ਜਾਰੀ ਕੀਤੇ ਹਨ। ਇਹ ਮੌਕ ਡਰਿੱਲ ਗ੍ਰਹਿ ਮੰਤਰਾਲੇ  ਦੇ ਹੁਕਮਾਂ 'ਤੇ ਕਿਸੇ ਵੀ ਦੁਸ਼ਮਣ ਹਮਲੇ ਖਿਲਾਫ ਨਾਗਰਿਕ ਸੁਰੱਖਿਆ ਦੀ ਤਿਆਰੀ ਨੂੰ ਵਧਾਉਣ ਲਈ ਕੀਤੀ ਜਾ ਰਹੀ ਏ । ਇਸ ਤੋਂ ਪਹਿਲਾਂ, ਪੰਜਾਬ ਨੇ ਕੱਲ੍ਹ ਪ੍ਰਸ਼ਾਸਕੀ ਕਾਰਨਾਂ ਦਾ ਹਵਾਲਾ ਦਿੰਦੇ ਹੋਏ ਇਹ ਡ੍ਰਿੱਲ ਕਰਨ ਤੋਂ ਇਨਕਾਰ ਕਰ ਦਿੱਤਾ ਸੀ ਅਤੇ 3 ਜੂਨ ਨੂੰ ਇਸ ਨੂੰ ਤਹਿ ਕੀਤਾ ਸੀ।

-------------------------------------------------------

ਹੁਸ਼ਿਆਰਪੁਰ ਜ਼ਿਲ੍ਹੇ ਦੇ ਪਿੰਡ ਭਾਗੋਵਾਲ ਤੋਂ ਇੱਕ ਨੌਜਵਾਨ ਦੇ ਈਰਾਨ ਵਿਚ ਕਥਿਤ ਅਗਵਾ ਕਰਨ ਦੇ ਮਾਮਲੇ ਵਿੱਚ ਐਸ.ਐਸ.ਪੀ ਦੇ ਨਿਰਦੇਸ਼ਾਂ 'ਤੇ ਹੁਸ਼ਿਆਰਪੁਰ ਪੁਲਿਸ ਨੇ ਇੱਕ ਵਿਸ਼ੇਸ਼ ਜਾਂਚ ਟੀਮ ਬਣਾਈ ਏ । ਜ਼ਿਕਰਯੋਗ ਏ ਕਿ ਜ਼ਿਲ੍ਹੇ ਦੇ ਪਿੰਡ ਭਾਗੋਵਾਲ ਤੋਂ ਅੰਮ੍ਰਿਤਪਾਲ ਸਿੰਘ, ਆਸਟ੍ਰੇਲੀਆ ਲਈ ਰਵਾਨਾ ਹੋਇਆ ਸੀ ਅਤੇ ਜਦੋਂ ਉਹ ਈਰਾਨ ਪਹੁੰਚਿਆ ਤਾਂ ਨਵਾਂਸ਼ਹਿਰ ਤੋਂ ਜਸਪਾਲ ਸਿੰਘ ਅਤੇ ਧੂਰੀ ਤੋਂ ਹੁਸਨਪ੍ਰੀਤ ਸਿੰਘ ਨੂੰ ਅਗਵਾ ਕਰ ਲਿਆ ਗਿਆ ਅਤੇ ਨੌਜਵਾਨਾਂ ਦੇ

ਪਰਿਵਾਰਾਂ ਤੋਂ ਇਕ ਕਰੋੜ ਰੁਪਏ ਦੀ ਫਿਰੌਤੀ ਮੰਗੀ ਗਈ । ਅਗਵਾ ਕੀਤੇ ਨੌਜਵਾਨਾਂ ਨੂੰ ਹੁਸ਼ਿਆਰਪੁਰ ਦੇ ਏਜੰਟਾਂ ਨੇ ਵਿਦੇਸ਼ ਭੇਜਿਆ ਸੀ ਅਤੇ ਅੰਮ੍ਰਿਤਪਾਲ ਦੇ ਪਰਿਵਾਰ ਦੀ ਸ਼ਿਕਾਇਤ 'ਤੇ, ਪੁਲਿਸ ਨੇ ਕਥਿਤ ਮੁਲਜ਼ਮ ਏਜੰਟ ਧੀਰਜ ਅਟਵਾਲ, ਕਮਲ ਅਟਵਾਲ ਅਤੇ ਇੱਕ ਮਹਿਲਾ ਟ੍ਰੈਵਲ ਏਜੰਟ ਵਿਰੁੱਧ ਮਾਮਲਾ ਦਰਜ ਕੀਤਾ ਏ । ਉਹ ਫਰਾਰ ਨੇ ਅਤੇ ਉਨ੍ਹਾਂ ਦੀ ਭਾਲ ਜਾਰੀ ਏ । ਇਸ ਦੌਰਾਨ ਈਰਾਨ ਵਿੱਚ ਲਾਪਤਾ ਹੋਏ ਤਿੰਨ ਭਾਰਤੀ ਨਾਗਰਿਕਾਂ ਬਾਰੇ ਵਿਦੇਸ਼ ਮਾਮਲਿਆਂ ਬਾਰੇ ਬੁਲਾਰੇ ਨੇ ਕਿਹਾ ਕਿ ਓਨਾ ਤਿਨਾ ਦਾ ਪਤਾ ਲਾਉਣ, ਉਨ੍ਹਾਂ ਦੀ ਸੁਰੱਖਿਆ ਅਤੇ ਘਰ ਵਾਪਸੀ ਲਈ ਓਹ ਈਰਾਨੀ ਅਧਿਕਾਰੀਆਂ ਦੇ ਸੰਪਰਕ ਵਿੱਚ ਨੇ ।

---------------------------------------------------------------

ਆਪ੍ਰੇਸ਼ਨ ਸਿੰਦੂਰ ਦੀ ਸਫਲਤਾ ਦੇ ਜਸ਼ਨ ਵਜੋਂ ਰਾਸ਼ਟਰੀ ਨਾਗਰਿਕ ਸੁਰਕਸ਼ਾ ਮੰਚ ਵੱਲੋਂ ਫਤਿਹਗੜ੍ਹ ਚੂੜੀਆਂ ਵਿੱਚ ਇੱਕ ਤਿਰੰਗਾ ਯਾਤਰਾ ਕੱਢੀ ਗਈ। ਤਿਰੰਗਾ ਯਾਤਰਾ ਵਿੱਚ ਧਾਰਮਿਕ, ਰਾਜਨੀਤਿਕ ਅਤੇ ਸਮਾਜਿਕ ਜੱਥੇਬੰਦੀਆਂ ਨੇ ਹਿੱਸਾ ਲਿਆ । ਇਸ ਦੌਰਾਨ ਦੇਸ਼ ਦੀ ਏਕਤਾ ਅਤੇ ਆਪਸੀ ਸਦਭਾਵਨਾ ਤੇ ਭਾਰਤੀ ਫੌਜ ਲਈ ਨਾਅਰੇ ਲਗਾਏ ਗਏ ।

ਯਾਤਰਾ ਵਿਚ ਸ਼ਾਮਿਲ ਲੋਕਾਂ ਨੇ ਕਿਹਾ ਕਿ ਇਹ ਨਾ ਸਿਰਫ਼ ਦੇਸ਼ ਭਗਤੀ ਦਾ ਸੰਦੇਸ਼ ਲੈ ਕੇ ਗਈ, ਸਗੋਂ ਲੋਕਾਂ ਨੂੰ ਭਾਰਤੀ ਫੌਜ ਦੀ ਬੇਮਿਸਾਲ ਬਹਾਦਰੀ ਅਤੇ ਭਾਰਤ ਦੀ ਮਜ਼ਬੂਤ ਨੀਤੀ ਤੋਂ ਵੀ ਜਾਣੂ ਕਰਵਾਇਆ। ਉਨ੍ਹਾਂ ਕਿਹਾ ਕਿ ਦੇਸ਼ ਦੇ ਲੋਕ, ਫੌਜ ਦੇ ਨਾਲ ਖੜ੍ਹੇ ਨੇ । ਉਨ੍ਹਾਂ ਕਿਹਾ ਕਿ ਹੁਣ ਭਾਰਤ ਦਹਿਸ਼ਤਗਰਦੀ ਖਿਲਾਫ ਚੁੱਪ ਨਹੀਂ ਰਹੇਗਾ ।

--------------------------------------------------

ਸ਼ਹੀਦਾਂ ਦੇ ਸਰਤਾਜ 5ਵੀਂ ਪਾਤਸ਼ਾਹੀ ਸ੍ਰੀ ਗੁਰੂ ਅਰਜਨ ਦੇਵ ਜੀ ਦਾ 419ਵਾਂ ਸ਼ਹੀਦੀ ਦਿਹਾੜਾ, ਤਰਨਤਰਨ ਸਥਿਤ ਸ੍ਰੀ ਦਰਬਾਰ ਸਾਹਿਬ ਵਿਖੇ ਸ਼ਰਧਾ-ਭਾਵ ਨਾਲ ਮਨਾਇਆ ਜਾ ਰਿਹਾ ਏ । ਅੱਜ ਅੰਮ੍ਰਿਤ ਵੇਲੇ ਤੋਂ ਹੀ ਸੰਗਤਾਂ ਨੇ ਸ੍ਰੀ ਦਰਬਾਰ ਸਾਹਿਬ ਜੀ ਵਿਖੇ ਨਤਮਸਤਕ ਹੋਕੇ ਇਲਾਹੀ ਬਾਣੀ ਦਾ ਪਾਠ ਸਰਵਣ ਕੀਤਾ ਜਾ ਰਿਹਾ ਏ । ਸ਼ਹਿਰ ਨਿਵਾਸੀਆਂ ਵੱਲੋਂ ਆਉਣ ਵਾਲੀ ਸੰਗਤ ਦੇ ਲਈ ਲੰਗਰ ਅਤੇ ਠੰਡੇ ਮਿੱਠੇ ਜਲ ਦੀਆਂ ਛਬੀਲਾਂ ਦਾ ਪ੍ਰਬੰਧ ਕੀਤਾ ਗਿਆ। ਓਧਰ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਗੁਰੂ ਜੀ ਦਾ ਸ਼ਹੀਦੀ ਦਿਹਾੜਾ ਸ਼ਰਧਾ ਪੂਰਵਕ ਮਨਾਇਆ ਗਿਆ। ਸ਼੍ਰੋਮਣੀ ਗੁਰਦੁਆਰਾ

ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਤੇ ਸੰਗਤਾਂ ਵੱਡੀ ਗਿਣਤੀ ਵਿੱਚ ਗੁਰੂ ਘਰ ਨਤਮਸਤਕ ਹੋਈਆਂ ।

-------------------------------------------------------

IPL ਕ੍ਰਿਕਟ ਵਿੱਚ, ਰਾਇਲ ਚੈਲੇਂਜਰਜ਼ ਬੰਗਲੁਰੂ, ਪੰਜਾਬ ਕਿੰਗਜ਼ ਨੂੰ ਅੱਠ ਵਿਕਟਾਂ ਨਾਲ ਹਰਾ ਕੇ ਫਾਈਨਲ ਵਿੱਚ ਦਾਖਲ ਹੋ ਗਿਆ ਏ । ਚੰਡੀਗੜ੍ਹ ਵਿੱਚ ਕੱਲ੍ਹ ਰਾਤ ਖੇਡੇ ਗਏ ਮੈਚ ਵਿੱਚ ਪਹਿਲਾਂ ਬੱਲੇਬਾਜ਼ੀ ਕਰਦੇ ਹੋਏ, ਪੰਜਾਬ ਕਿੰਗਜ਼ ਨੇ 101 ਦੌੜਾਂ ਬਣਾਈਆਂ। ਜਵਾਬ ਵਿੱਚ, ਬੰਗਲੁਰੂ ਦੀ ਟੀਮ ਨੇ ਸਿਰਫ 10 ਓਵਰਾਂ ਵਿੱਚ ਦੋ ਵਿਕਟਾਂ ਦੇ ਨੁਕਸਾਨ 'ਤੇ ਟੀਚਾ ਪ੍ਰਾਪਤ ਕਰ ਲਿਆ।
ਹੁਣ ਸਾਰਿਆਂ ਦੀਆਂ ਨਜ਼ਰਾਂ ਅੱਜ ਸ਼ਾਮ ਚੰਡੀਗੜ੍ਹ ਵਿੱਚ ਹੋਣ ਵਾਲੇ ਗੁਜਰਾਤ ਟਾਈਟਨਜ਼ ਅਤੇ ਮੁੰਬਈ ਇੰਡੀਅਨਜ਼ ਵਿਚਕਾਰ ਖੇਡੇ ਜਾਣ ਵਾਲੇ ਮੈਚ 'ਤੇ ਟੀਕਿਆਂ ਹੋਈਆਂ ਨੇ । ਇਸ ਮੈਚ ਦੀ ਜੇਤੂ ਟੀਮ, 1 ਜੂਨ ਨੂੰ ਦੂਜੇ ਕੁਆਲੀਫਾਇਰ ਮੈਚ ਵਿੱਚ ਪੰਜਾਬ ਕਿੰਗਜ਼ ਨਾਲ ਮੁਕਾਬਲਾ ਕਰੇਗੀ । ਦੂਜੇ ਕੁਆਲੀਫਾਇਰ ਦੀ ਜੇਤੂ ਟੀਮ 3 ਜੂਨ ਨੂੰ ਫਾਈਨਲ ਵਿੱਚ ਰਾਇਲ ਚੈਲੇਂਜਰਜ਼ ਬੰਗਲੌਰ ਨਾਲ ਭਿੜੇਗੀ।